**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਰਵਿਦਰ ਸਿੰਘ 9814037222
ਪਿੰਡ ਜੰਗਪੁਰਾ ਡਾਕਖਾਨਾ ਬਨੂਰ ਤਹਿਸੀਲ ਤੇ ਜਿਲਾ ਮੁਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ,ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸੈਕਟਰੀ ਦਫਤਰ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ,ਮੁਹਾਲੀ। --------ਉੱਤਰਦਾਤਾ

<u>ਅਪੀਲ ਕੇਸ ਨੰ; 3325/2019</u>

ਹਾਜ਼ਰ:-

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮੋਹਿਤ, ਸੀਨੀਅਰ ਸਹਾਇਕ (79862-40093)

<u>ਹੁਕਮ:</u>

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-04-2019, ਲੋਕ ਸੂਚਨਾ ਅਧਿਕਾਰੀ **ਦਫਤਰ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ,ਮੁਹਾਲੀ** ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਬੋਰਡ ਵਲੋਂ ਮਨੋਜ਼ ਕੁਮਾਰ ਪੀ.ਆਈ.ਓ ਜਿਸ ਨੇ ਅਦਾਲਤ ਵਿਚ ਗਲਤ ਦਲੀਲ ਦਿੱਤੀ ਸੀ ਅਤੇ ਸ੍ਰੀਮਤੀ ਕੁਲਵੰਤ ਕੋਰ ਪੀ.ਆਈ.ਓ. ਵਲੋਂ ਗਲਤੀ ਨਾਲ ਜਾਣਕਾਰੀ ਦੇ ਦਿੱਤੀ ਸੀ ਵਿਰੁੱਧ ਬੋਰਡ ਵਲੋਂ ਕੀ ਕਾਰਵਾਈ ਕੀਤੀ ਗਈ ਹੈ ਸਬੰਧੀ 02 ਨੁਕਤਿਆਂ ਤੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 22-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਅਪੀਲਕਰਤਾ ਸ੍ਰੀ ਪਰਵਿੰਦਰ ਸਿੰਘ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਲੋਕ ਸੂਚਨਾ ਅਧਿਕਾਰੀ ਮੰਗੀ ਗਈ ਸੂਚਨਾ ਅਜੇ ਤੱਕ ਨਹੀਂ ਦਿੱਤੀ ਗਈ।

3. ਉੱਤਰਦਾਤਾ ਵਲੋਂ ਦਸਿਆ ਗਿਆ ਅਦਾਲਤ ਵਿਚ ਜ਼ੋ ਕੋਰਟ ਕੇਸ ਚਲ ਰਿਹਾ ਸੀ ਉਹ ਡਿਸਮਿਸ ਹੋ ਗਿਆ ਹੈ।

4. ਦੋਨਾਂ ਧਿਰਾਂ ਵਲੋਂ ਪੇਸ਼ ਕੀਤੀਆਂ ਗਈਆਂ ਦਲੀਲਾਂ ਅਤੇ ਰਿਕਾਰਡ ਨੂੰ ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਮਿਤੀ 25-04-2019 ਨੂੰ ਜ਼ੋ ਅਪੀਲ ਦਾਇਰ ਕੀਤੀ ਗਈ ਸੀ ਉਸ ਰਾਹੀਂ ਅਪੀਲਕਰਤਾ ਵਲੋਂ ਸੂਚਨਾ ਦੀ ਮੰਗ ਕੀਤੀ ਗਈ ਸੀ ਕਿ ਸ੍ਰੀ ਮਨੋਜ਼ ਕੁਮਾਰ ਅਤੇ ਸ੍ਰੀਮਤੀ ਕੁਲਵੰਤ ਕੋਰ, ਪੀ.ਆਈ.ਓਜ਼, ਵਲੋਂ ਅਦਾਲਤ ਵਿਚ ਜ਼ੋ ਗਲੱਤ ਸੂਚਨਾ/ਦਲੀਲ ਪੇਸ਼ ਕੀਤੀ ਗਈ ਸੀ ਉਸ ਸਬੰਧੀ ਉਨ੍ਹਾਂ ਵਿਰੁੱਧ ਕੀ ਕਰਵਾਈ ਕੀਤੀ ਗਈ ਹੈ। ਇਸ ਸਬੰਧ ਵਿਚ ਸਪੱਸ਼ਟ ਉੱਤਰ 03 ਦਿਨਾਂ ਦੇ ਅੰਦਰ ਅੰਦਰ ਅਪੀਲਕਰਤਾ ਨੂੰ ਦਿੱਤਾ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ <u>**ਅਗਲੀ ਸੁਣਵਾਈ ਮਿਤੀ 24-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ**</u> ਕੀਤਾ ਜਾਂਦਾ ਹੈ।

.

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 22 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਗਗਨਦੀਪ ਸਿੰਘ ਥਰੀਕੇ 9780471680
ਐੱਸ.ਸੀ.ਓ. 26 ਸ਼ਾਤ ਪਾਰਕ ਸੂਆ ਰੋਡ ਥਰੀਕੇ ,ਲੁਧਿਆਣਾ। ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ
ਦਫਤਰ ਸੁਪਰਡੰਟ ਗਰੇਡ 2 ਐੱਸ.ਡੀ.ਐੱਮ. ਸੁਨਾਮ।

ਪਹਿਲੀ ਅਪੀਲੀ ਅਥਾਰਟੀ ਕਮ ਅਡੀਸ਼ਨਲ ਡਿਪਟੀ ਕਮਿਸ਼ਨਰ ਸੰਗਰੂਰ। ਉੱਤਰਦਾਤਾ

**ਅਪੀਲ ਕੇਸ ਨੰ:3346 /2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਪ੍ਰੀਤ ਸਿੰਘ, ਸੀਨੀਅਰ ਸਹਾਇਕ (79862-40093) ਦਫਤਰ ਐਸ.ਡੀ.ਐਮ.ਸੁਨਾਮ

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-06-2019, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਲੋਕ ਸੂਚਨਾ ਅਧਿਕਾਰੀ ਦਫਤਰ ਸੁਪਰਡੰਟ ਗਰੇਡ 2 ਐੱਸ.ਡੀ.ਐੱਮ. ਸੁਨਾਮ ਪਾਸੋਂ ਜ਼ਿਲ੍ਹਾ ਸੰਗਰੂਰ ਵਿਖੇ ਅਚਾਨਕ ਬੋਰਵੈਲ ਵਿਚ ਡਿੱਗੇ ਬੱਚੇ ਫਤਿਹਵੀਰ ਸਿੰਘ ਨੂੰ ਬਚਾਉਣ ਲਈ ਕੀਤੇ ਰੈਸਕਿਉ ਆਪਰੇਸ਼ਨ ਨਾਲ ਸਬੰਧਤ 08 ਨੁਕੱਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 22-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਕਮਿਸ਼ਨ ਨੂੰ ਅਪੀਲ ਸਮੇ ਲਿਖਿਆ ਗਿਆ ਸੀ ਜੇਕਰ ਸੰਭਵ ਹੋਵੇ, ਤਾਂ ਵੀਡੀਉ ਕਾਨਫਰੈਸ਼ਿਗ ਰਾਹੀਂ ਸੁਣਿਆ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਪ੍ਰੀਤ ਸਿੰਘ, ਸੀਨੀਅਰ ਸਹਾਇਕ ਦਫਤਰ ਐਸ.ਡੀ.ਐਮ.ਸੁਨਾਮ ਹਾਜ਼ਰ ਹੋਇਆ। ਉਸ ਵਲੋਂ ਪੱਤਰ ਨੰ: 62/ਆਰ.ਟੀ.ਆਈ. ਮਿਤੀ 21-10-2019 ਪੇਸ਼ ਕੀਤਾ ਗਿਆ ਜਿਸ ਰਾਹੀਂ ਦਸਿਆ ਗਿਆ ਕਿ ਪ੍ਰਾਰਥੀ ਨੂੰ ਉਨ੍ਹਾਂ ਦੇ ਦਫਤਰ ਦੇ ਪੱਤਰ ਨੰਬਰ 33/ਆਰ.ਟੀ.ਆਈ. ਮਿਤੀ 22-07-2019 ਰਾਹੀਂ ਸੂਚਨਾ ਦਿੱਤੀ ਜਾ ਚੁੱਕੀ ਹੈ।

4. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਵੀਡੀਉ ਕਾਨਫਰੈਸ਼ਿਗ ਰਾਹੀਂ ਸੁਣਵਾਈ ਲਈ ਬੇਨਤੀ ਕੀਤੀ ਗਈ ਸੀ। ਹਾਜ਼ਰ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਪ੍ਰੀਤ ਸਿੰਘ, ਸੀਨੀਅਰ ਸਹਾਇਕ ਦਫਤਰ ਐਸ.ਡੀ.ਐਮ.ਸੁਨਾਮ ਵਲੋਂ ਪੇਸ਼ ਕੀਤੇ ਗਏ ਪੱਤਰ ਰਾਹੀਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਤਰ੍ਹਾਂ ਮੰਗੀ ਗਈ ਜਾਣਕਾਰੀ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ, ਵੈਸੇ ਵੀ ਇਹ ਜਾਣਕਾਰੀ ਇਕ ਵੱਖ ਕਿਸਮ ਦੀ ਜਾਣਕਾਰੀ ਹੈ, ਇਸ ਨੂੰ ਅਗੇ ਚਲਾਉਣ ਦੀ ਲੋੜ ਨਹੀਂ ਹੈ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 22 **ਅਕਤੂਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸੁਰਜੀਤ ਸਿੰਘ ਪੁੱਤਰ ਸ਼੍ਰੀ ਰਤਨ ਸਿੰਘ
ਪਿੰਡ ਚੈਹੜ ਮਾਜਰਾ ਤਹਿਸੀਲ ਅੰਨਦਪੁਰ ਸਾਹਿਬ ਜਿਲਾ ਰੂਪਨਗਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ਕਮ ਐਂਸ.ਡੀ.ਐਮ.
ਸ਼੍ਰੀ ਅਨੰਦਪੁਰ ਸਾਹਿਬ ।ਜਿਲਾ ਰੂਪਨਗਰ।

ਪਹਿਲੀ ਅਪੀਲੀ ਅਥਾਰਟੀ ਕਮ
ਡਿਪਟੀ ਕਮਿਸ਼ਨਰ ਰੂਪਨਗਰ ਜਿਲਾ ਰੂਪਨਗਰ। -----ਉੱਤਰਦਾਤਾ

ਅਪੀਲ ਕੇਸ ਨੰ: 3348/ 2019

ਹਾਜ਼ਰ:-

1) ਅਪੀਲਕਰਤਾ ਵਲੋ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-12-2018, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਲੋਕ ਸੂਚਨਾ ਅਧਿਕਾਰੀ ਕਮ ਐਂਸ.ਡੀ.ਐਮ. ਸ਼੍ਰੀ ਅਨੰਦਪੁਰ ਸਾਹਿਬ ।ਜਿਲਾ ਰੂਪਨਗਰ ਪਾਸੋਂ ਗਰਾਮ ਪੰਚਾਇਤ ਪਿੰਡ ਚੌਹੜ ਮਾਜਰਾ ਬਲਾਕ ਨੂਰਪੁਰਬੇਦੀ ਵੋਟਰ ਸੂਚੀ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-01--2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 22-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਸਬੰਧੀ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਸਬੰਧੀ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।

4. ਅੱਜ ਪੇਸੀ ਤੇ ਦੋਵੇ ਧਿਰਾਂ ਹਾਜ਼ਰ ਨਹੀਂ ਹੋਈਆਂ, ਇਸ ਲਈ ਇਹ ਅਪੀਲ ਕੇਸ **ਅਗਲੀ ਸੁਣਵਾਈ ਮਿਤੀ 14-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

.

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 22 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਵਿਨੋਦ ਕੁਮਾਰ ਖੁਰਾਨਾ ਐਡਵੋਕੇਟ 9988805570
ਪਤਾ: 110 ,ਸ਼ਿਵਾਲਿਕ ਇੰਨਕਲੇਵ ਮਨੀਮਾਜਰਾ।ਚੰਡੀਗੜ੍ਹ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਭੌ ਪਰਾਪਤੀ ਕੁਲੈਕਟਰ ਇੰਡਸਟਰੀਜ ਪੰਜਾਬ,ਚੰਡੀਗੜ੍ਹ।
17 ਬੇਜ਼ ਬਿਲਡਿੰਗ ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ ਦਫਤਰ ਭੌ ਪਰਾਪਤੀ ਕੁਲੈਕਟਰ
ਇੰਡਸਟਰੀਜ ਪੰਜਾਬ, 17 ਬੇਜ਼ ਬਿਲਡਿੰਗ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ: 3381/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੰਜੀਵ ਵੈਦ, ਸੀਨੀਅਰ ਸਹਾਇਕ (97792-67151)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-03-2019,ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਲੋਕ ਸੂਚਨਾ ਅਧਿਕਾਰੀ ,ਦਫਤਰ ਭੌ ਪਰਾਪਤੀ ਕੁਲੈਕਟਰ ਇੰਡਸਟਰੀਜ ਪੰਜਾਬ,ਚੰਡੀਗੜ੍ਹ ਨੂੰ ਪੰਜਾਬ ਵਿਚ ਜ਼ਮੀਨ ਐਕੁਆਇਰ ਕਰਨ ਸਬੰਧੀ ਪ੍ਰਾਪਤ ਕੀਤੀ ਰਕਮ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 12-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 22-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦਸਿਆ ਕਿ ਜ਼ੋ ਜਾਣਕਾਰੀ ਦਿੱਤੀ ਗਈ ਹੈ ਉਹ ਅਧੂਰੀ ਹੈ। ਉਸ ਵਲੋਂ 03 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ ਪਰ ਉਸਨੂੰ ਨੁਕਤਾ ਨੰਬਰ 01 ਅਤੇ 03 ਦੀ ਸੂਚਨਾ ਨਹੀਂ ਦਿੱਤੀ ਗਈ ਜਦੋਂ ਕਿ ਨੁਕੱਤਾ ਨੰ:02 ਸਬੰਧੀ ਜ਼ੋ ਸੂਚਨਾ ਦਿੱਤੀ ਗਈ ਹੈ ਉਹ 01-04-2018 ਤੋਂ ਹੁਣ ਤੱਕ ਦੀ ਸੂਚਨਾ ਦੀ ਮੰਗ ਕੀਤੀ ਗਈ ਸੀ ਪਰ ਉਸਨੂੰ ਮਿਤੀ 12-11-2018 ਤੋਂ ਬਾਅਦ ਦੀ ਸੂਚਨਾ ਦਿੱਤੀ ਗਈ ਹੈ ਅਤੇ ਮਿਤੀ 01-04-2018 ਤੋਂ 12-11-2019 ਤੱਕ ਦੀ ਸੂਚਨਾ ਨਹੀਂ ਦਿੱਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਸੰਜੀਵ ਵੈਦ, ਸੀਨੀਅਰ ਸਹਾਇਕ ਵਲੋਂ ਦਸਿਆ ਗਿਆ ਕਿ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਪੂਰੀ ਜਾਣਕਾਰੀ ਨਹੀ਼ ਦਿੱਤੀ ਗਈ ਕਿਉਂਜੋ ਡੀਲਿੰਗ ਹੈਂਡ ਨਹੀਂ ਹੈ। ਇਸ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜਾਣਕਾਰੀ 10 ਦਿਨਾਂ ਦੇ ਅੰਦਰ ਅੰਦਰ ਭੇਜੀ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਗਈਆਂ ਹਨ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਦਫਤਰ ਭੌ ਪਰਾਪਤੀ ਕੁਲੈਕਟਰ ਇੰਡਸਟਰੀਜ ਪੰਜਾਬ,ਚੰਡੀਗੜ੍ਹ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਦਫਤਰ ਭੌ ਪਰਾਪਤੀ ਕੁਲੈਕਟਰ ਇੰਡਸਟਰੀਜ ਪੰਜਾਬ,ਚੰਡੀਗੜ੍ਹ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਨ੍ਹਾਂਨੂੰ ਅਪੀਲਕਰਤਾ ਵਲੋਂ ਦੱਸੀਆਂ ਤਰੁੱਟੀਆਂ ਪ੍ਰਾਪਤ ਹੁੰਦੀਆਂ ਹਨ ਤਾਂ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 07-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 22 **ਅਕਤੂਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਕੁਮਾਰ ਗੁਪਤਾ (88476-82014)
ਪੁੱਤਰ ਸ਼੍ਰੀ ਜੈ ਕਿਸ਼ਨ ਦਾਸ ਗੁਪਤਾ,
ਮਕਾਨ ਨੰ 158, ਪਿੰਡ ਤੋਗਾਂ, ਡਾਕਖਾਨਾ ਤੀਰਾ,
ਜ਼ਿਲ੍ਹਾ ਮੁਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ। --------ਉੱਤਰਦਾਤਾ

**ਅਪੀਲ ਕੇਸ ਨੰ:2104 /2019**

**ਹਾਜ਼ਰ:-**

1) ਸ਼੍ਰੀ ਰਾਜਿੰਦਰ ਕੁਮਾਰ ਗੁਪਤਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਪਿਛਲੀ ਮਿਤੀ ਤੇ ਇਸ ਕੇਸ ਵਿਚ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸਨੂੰ ਪ੍ਰਾਪਤ ਹੋਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਵਲੋਂ ਦਸੀਆਂ ਗਈਆਂ ਤਰੁੱਟੀਆਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 22-10 -2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ_ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਸੀ ਸਬੰਧੀ ਤਰੁੱਟੀਆਂ ਉੱਤਰਦਾਤਾ ਨੂੰ ਨੋਟ ਕਰਵਾ ਦਿੱਤੀਆਂ ਗਈਆਂ ਹਨ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ।

4. ਅਪੀਲਕਰਤਾ ਵਲੋਂ ਦਸੇ ਅਨੁਸਾਰ ਕਿ ਉਸ ਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਸੀ ਸਬੰਧੀ ਤਰੁੱਟੀਆਂ ਉੱਤਰਦਾਤਾ ਨੂੰ ਨੋਟ ਕਰਵਾ ਦਿੱਤੀਆਂ ਗਈਆਂ ਹਨ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਉਨ੍ਹਾਂ ਨੂੰ ਜ਼ੋ ਤਰੁੱਟੀਆਂ ਨੋਟ ਕਰਵਾਈਆਂ ਗਈਆਂ ਹਨ ਉਨ੍ਹਾਂ ਦੀ ਪੂਰਤੀ 10 ਦਿਨਾਂ ਦੇ ਅੰਦਰ ਅੰਦਰ ਕਰਕੇ ਬਾਕੀ ਦੀ ਸਹੀ ਜਾਣਕਾਰੀ ਭੇਜੀ ਜਾਵੇ ਅਤੇ ਕਮਿਸ਼ਨ ਨੂੰ ਸੂਚਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 14-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ: ਚੰਡੀਗੜ੍ਹ, 22 ਅਕਤੂਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਕੁਮਾਰ ਗੁਪਤਾ (88476-82014)
ਪੁੱਤਰ ਸ਼੍ਰੀ ਜੈ ਕਿਸ਼ਨ ਦਾਸ ਗੁਪਤਾ,
ਮਕਾਨ ਨੰ 158, ਪਿੰਡ ਤੋਗਾਂ, ਡਾਕਖਾਨਾ ਤੀਰਾ,
ਜ਼ਿਲ੍ਹਾ ਮੁਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ। --------ਉੱਤਰਦਾਤਾ

**ਅਪੀਲ ਕੇਸ ਨੰ:2105 /2019**

**ਹਾਜ਼ਰ:-**

1) ਸ਼੍ਰੀ ਰਾਜਿੰਦਰ ਕੁਮਾਰ ਗੁਪਤਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਪਿਛਲੀ ਮਿਤੀ ਤੇ ਇਸ ਕੇਸ ਵਿਚ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸਨੂੰ ਪ੍ਰਾਪਤ ਹੋਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਵਲੋਂ ਦਸੀਆਂ ਗਈਆਂ ਤਰੁੱਟੀਆਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 22-10 -2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ_ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਸੀ ਸਬੰਧੀ ਤਰੁੱਟੀਆਂ ਉੱਤਰਦਾਤਾ ਨੂੰ ਨੋਟ ਕਰਵਾ ਦਿੱਤੀਆਂ ਗਈਆਂ ਹਨ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ।

4. ਅਪੀਲਕਰਤਾ ਵਲੋਂ ਦਸੇ ਅਨੁਸਾਰ ਕਿ ਉਸ ਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਸੀ ਸਬੰਧੀ ਤਰੁੱਟੀਆਂ ਉੱਤਰਦਾਤਾ ਨੂੰ ਨੋਟ ਕਰਵਾ ਦਿੱਤੀਆਂ ਗਈਆਂ ਹਨ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਉਨ੍ਹਾਂ ਨੂੰ ਜ਼ੋ ਤਰੁੱਟੀਆਂ ਨੋਟ ਕਰਵਾਈਆਂ ਗਈਆਂ ਹਨ ਉਨ੍ਹਾਂ ਦੀ ਪੂਰਤੀ 10 ਦਿਨਾਂ ਦੇ ਅੰਦਰ ਅੰਦਰ ਕਰਕੇ ਬਾਕੀ ਦੀ ਸਹੀ ਜਾਣਕਾਰੀ ਭੇਜੀ ਜਾਵੇ ਅਤੇ ਕਮਿਸ਼ਨ ਨੂੰ ਸੂਚਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 14-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 22 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਕੁਮਾਰ ਗੁਪਤਾ (88476-82014)
ਪੁੱਤਰ ਸ਼੍ਰੀ ਜੈ ਕਿਸ਼ਨ ਦਾਸ ਗੁਪਤਾ,
ਮਕਾਨ ਨੰ 158, ਪਿੰਡ ਤੋਗਾਂ, ਡਾਕਖਾਨਾ ਤੀਰਾ,
ਜ਼ਿਲ੍ਹਾ ਮੁਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ। --------ਉੱਤਰਦਾਤਾ

**ਅਪੀਲ ਕੇਸ ਨੰ:2106 /2019**

**ਹਾਜ਼ਰ:-**

1) ਸ਼੍ਰੀ ਰਾਜਿੰਦਰ ਕੁਮਾਰ ਗੁਪਤਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਪਿਛਲੀ ਮਿਤੀ ਤੇ ਇਸ ਕੇਸ ਵਿਚ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸਨੂੰ ਪ੍ਰਾਪਤ ਹੋਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਵਲੋਂ ਦਸੀਆਂ ਗਈਆਂ ਤਰੁੱਟੀਆਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 22-10 -2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ_ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਸੀ ਸਬੰਧੀ ਤਰੁੱਟੀਆਂ ਉੱਤਰਦਾਤਾ ਨੂੰ ਨੋਟ ਕਰਵਾ ਦਿੱਤੀਆਂ ਗਈਆਂ ਹਨ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ।

4. ਅਪੀਲਕਰਤਾ ਵਲੋਂ ਦਸੇ ਅਨੁਸਾਰ ਕਿ ਉਸ ਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਸੀ ਸਬੰਧੀ ਤਰੁੱਟੀਆਂ ਉੱਤਰਦਾਤਾ ਨੂੰ ਨੋਟ ਕਰਵਾ ਦਿੱਤੀਆਂ ਗਈਆਂ ਹਨ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਉਨ੍ਹਾਂ ਨੂੰ ਜ਼ੋ ਤਰੁੱਟੀਆਂ ਨੋਟ ਕਰਵਾਈਆਂ ਗਈਆਂ ਹਨ ਉਨ੍ਹਾਂ ਦੀ ਪੂਰਤੀ 10 ਦਿਨਾਂ ਦੇ ਅੰਦਰ ਅੰਦਰ ਕਰਕੇ ਬਾਕੀ ਦੀ ਸਹੀ ਜਾਣਕਾਰੀ ਭੇਜੀ ਜਾਵੇ ਅਤੇ ਕਮਿਸ਼ਨ ਨੂੰ ਸੂਚਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 14-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 22 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਕੁਮਾਰ ਗੁਪਤਾ (88476-82014)
ਪੁੱਤਰ ਸ਼੍ਰੀ ਜੈ ਕਿਸ਼ਨ ਦਾਸ ਗੁਪਤਾ,
ਮਕਾਨ ਨੰ 158, ਪਿੰਡ ਤੋਗਾਂ, ਡਾਕਖਾਨਾ ਤੀਰਾ,
ਜ਼ਿਲ੍ਹਾ ਮੁਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ। --------ਉੱਤਰਦਾਤਾ

**ਅਪੀਲ ਕੇਸ ਨੰ:2107 /2019**

**ਹਾਜ਼ਰ:-**

1) ਸ਼੍ਰੀ ਰਾਜਿੰਦਰ ਕੁਮਾਰ ਗੁਪਤਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹਕਮ:**

ਪਿਛਲੀ ਮਿਤੀ ਤੇ ਇਸ ਕੇਸ ਵਿਚ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸਨੂੰ ਪ੍ਰਾਪਤ ਹੋਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਵਲੋਂ ਦਸੀਆਂ ਗਈਆਂ ਤਰੁੱਟੀਆਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 22-10 -2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ_ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਸੀ ਸਬੰਧੀ ਤਰੁੱਟੀਆਂ ਉੱਤਰਦਾਤਾ ਨੂੰ ਨੋਟ ਕਰਵਾ ਦਿੱਤੀਆਂ ਗਈਆਂ ਸਨ ਅਤੇ ਵਿਭਾਗ ਵਲੋਂ ਉਸਨੂੰ ਸਹੀ ਜਾਣਕਾਰੀ ਦੇ ਦਿੱਤੀ ਗਈ ਹੈ। ਇਸ ਲਈ ਕੇਸ ਦਾਖਲ ਦਫਤਰ ਕਰ ਦਿੱਤਾ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ।

4. ਅਪੀਲਕਰਤਾ ਵਲੋਂ ਦਸੇ ਅਨੁਸਾਰ ਕਿ ਉਸ ਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਸੀ ਸਬੰਧੀ ਤਰੁੱਟੀਆਂ ਉੱਤਰਦਾਤਾ ਨੂੰ ਨੋਟ ਕਰਵਾ ਦਿੱਤੀਆਂ ਗਈਆਂ ਸਨ ਅਤੇ ਵਿਭਾਗ ਵਲੋਂ ਉਸਨੂੰ ਸਹੀ ਜਾਣਕਾਰੀ ਦੇ ਦਿੱਤੀ ਗਈ ਹੈ। ਇਸ ਲਈ ਕੇਸ ਦਾਖਲ ਦਫਤਰ ਕਰ ਦਿੱਤਾ ਜਾਵੇ। ਇਸ ਲਈ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 22 **ਅਕਤੂਬਰ,** 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੇਵਲ ਸਿੰਘ, (98155-96455)
ਐਸੋਸੀਏਟ ਪ੍ਰੋਫੈਸਰ,
ਫਿਜੀਕਲ ਐਜੂਕੇਸ਼ਨ, ਖਾਲਸਾ ਕਾਲਿਜ,
ਗੜਦੀਵਾਲਾ, ਜ਼ਿਲ੍ਹਾ ਹੁਸ਼ਿਆਰਪੁਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਖਾਲਸਾ ਕਾਲਿਜ ਗੜਦੀਵਾਲਾ,
ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਖਾਲਸਾ ਕਾਲਿਜ ਗੜਦੀਵਾਲਾ,
ਜ਼ਿਲ੍ਹਾ ਹੁਸ਼ਿਆਰਪੁਰ। -------ਉੱਤਰਦਾਤਾ

**ਅਪੀਲ ਕੇਸ ਨੰ: 2134/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ), ਵੱਲੋਂ ਸ੍ਰੀ ਹਰਿੰਦਰ ਸਿੰਘ ਬਰਾੜ, ਐਲ.ਏ. (98147-27303)

**ਹੁੱਕਮ:**

ਪਿਛਲੀ ਪੇਸ਼ੀ ਮਿਤੀ 24-09-2019 ਨੂੰ ਅਪੀਲਕਰਤਾ ਵਲੋਂ ਕਿਹਾ ਗਿਆ ਸੀ ਕਿ ਉਹ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਕੁਝ ਵਿਚਾਰ ਵਟਾਂਦਰੇ ਉਪਰੰਤ ਅਪੀਲਕਰਤਾ ਨੇ ਉੱਤਰਦਾਤਾ ਦੇ ਦਫਤਰ ਜਾ ਕੇ ਸਬੰਧਤ ਰਿਕਾਰਡ ਦਾ ਨਿਰਖਣ ਕਰਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟਾਈ ਗਈ ਸੀ। ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਉਨ੍ਹਾਂ ਦੇ ਦਫਤਰ ਹਾਜ਼ਰ ਹੋਣ ਤੇ ਉਸਦੀ ਆਰ.ਟੀ.ਆਈ. ਅਰਜੀ ਨਾਲ ਸਬੰਧਤ ਰਿਕਾਰਡ ਉਸਨੂੰ ਵਿਖਾ ਕੇ ਉਪਲਬਧ ਸੂਚਨਾ ਉਸਨੂੰ ਮੁੱਹਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 22-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲ ਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਦਿੱਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ), ਵੱਲੋਂ ਸ੍ਰੀ ਹਰਿੰਦਰ ਸਿੰਘ ਬਰਾੜ, ਐਲ.ਏ. ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਉੱਤਰਦਾਤਾ ਵਲੋਂ ਲਿਖਿਆ ਪੱਤਰ ਨੰ: ਕੇ.ਸੀ.ਜੀ.-673/19 ਮਿਤੀ 21-10-2019 ਪੇਸ਼ ਕੀਤਾ ਗਿਆ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਅਨੁਸਾਰ ਦਸਿਆ ਗਿਆ ਕਿ ਕਮਿਸ਼ਨ ਦੇ ਉਕਤ ਹੁਕੱਮਾਂ ਅਨੁਸਾਰ ਪ੍ਰੋ: ਕੇਵਲ ਸਿੰਘ ਨੂੰ ਕਾਲਜ਼ ਦੀ ਪੱਤਰਕਾ ਨੰ: ਕੇ.ਸੀ.ਜੀ. 670/19 ਮਿਤੀ 17-10-2019 ਰਾਹੀਂ ਕਾਲਜ ਵਿੱਚ ਉਪਲਬਧ ਸੈਲਰੀ ਰਜਿਸਟਰ ਸਾਲ 2005 ਤੋਂ ਸਾਲ 2018 ਤੱਕ ਦੀਆਂ ਸੈਲਰੀ ਰਜਿਸਟਰ ਦੀਆਂ ਤਸਦੀਕਸ਼ੁਦਾ ਕਾਪੀਆਂ (ਵਿਅਕਤੀਗਤ) ਦਿੱਤੀਆ ਜਾ ਚੁੱਕੀਆਂ ਹਨ। ਪਰ ਉਨ੍ਹਾਂ ਵਲੋਂ ਉਣਤਾਈਆਂ ਸਬੰਧੀ ਕੋਈ ਵੀ ਜਾਣਕਾਰੀ ਨਹੀਂ ਦਿੱਤੀ ਗਈ । ਜਿਸ ਤੋਂ ਇਹ ਸਿੱਧ ਹੁੰਦਾ ਹੈ ਕਿ ਪਹਿਲਾਂ ਦਿੱਤੀ ਗਈ ਜਾਣਕਾਰੀ ਬਿਲਕੁੱਲ ਦਰੁਸਤ ਹੈ। ਇਸ ਲਈ ਕੇਸ ਦਾਖਲ ਦਫਤਰ ਕਰਨ ਦੀ ਬੇਨਤੀ ਕੀਤੀ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ), ਵਲੋਂ ਹਾਜ਼ਰ ਸ੍ਰੀ ਹਰਿੰਦਰ ਸਿੰਘ ਬਰਾੜ ਦੁਆਰਾ ਪੇਸ਼ ਕੀਤੇ ਗਏ ਉੱਤਰ ਨਾਲ ਕਮਿਸ਼ਨ ਸੰਤੁਸ਼ਟ ਹੈ । ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,** 22 **ਅਕਤੂਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਲਕੀਤ ਸਿੰਘ, (98157-32002)
ਮਕਾਨ ਨੰ:3591, ਸੈਕਟਰ 69,
ਮੁਹਾਲੀ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਖਾਲਸਾ ਕਾਲਿਜ ਗੜਦੀਵਾਲਾ,
ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਖਾਲਸਾ ਕਾਲਿਜ ਗੜਦੀਵਾਲਾ,
ਜ਼ਿਲ੍ਹਾ ਹੁਸ਼ਿਆਰਪੁਰ। -------ਉੱਤਰਦਾਤਾ

**ਅਪੀਲ ਕੇਸ ਨੰ: 2180/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ), ਵੱਲੋਂ ਸ੍ਰੀ ਹਰਿੰਦਰ ਸਿੰਘ ਬਰਾੜ, ਐਲ.ਏ. (98147-27303)

**ਹੁੱਕਮ:**

ਪਿਛਲੀ ਪੇਸ਼ੀ ਮਿਤੀ 24-09-2019 ਨੂੰ ਅਪੀਲਕਰਤਾ ਵਲੋਂ ਕਿਹਾ ਗਿਆ ਸੀ ਕਿ ਉਹ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਕੁਝ ਵਿਚਾਰ ਵਟਾਂਦਰੇ ਉਪਰੰਤ ਅਪੀਲਕਰਤਾ ਨੇ ਉੱਤਰਦਾਤਾ ਦੇ ਦਫਤਰ ਜਾ ਕੇ ਸਬੰਧਤ ਰਿਕਾਰਡ ਦਾ ਨਿਰਖਣ ਕਰਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟਾਈ ਗਈ ਸੀ। ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਉਨ੍ਹਾਂ ਦੇ ਦਫਤਰ ਹਾਜ਼ਰ ਹੋਣ ਤੇ ਉਸਦੀ ਆਰ.ਟੀ.ਆਈ. ਅਰਜੀ ਨਾਲ ਸਬੰਧਤ ਰਿਕਾਰਡ ਉਸਨੂੰ ਵਿਖਾ ਕੇ ਉਪਲਭਧ ਸੂਚਨਾ ਉਸਨੂੰ ਮੁੱਹਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 22-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲ ਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਦਿੱਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ), ਵੱਲੋਂ ਸ੍ਰੀ ਹਰਿੰਦਰ ਸਿੰਘ ਬਰਾੜ, ਐਲ.ਏ. ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਉੱਤਰਦਾਤਾ ਵਲੋਂ ਲਿਖਿਆ ਪੱਤਰ ਨੰ: ਕੇ.ਸੀ.ਜੀ.-672/19 ਮਿਤੀ 21-10-2019 ਪੇਸ਼ ਕੀਤਾ ਗਿਆ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਅਨੁਸਾਰ ਦਸਿਆ ਗਿਆ ਕਿ ਕਮਿਸ਼ਨ ਦੇ ਉਕਤ ਹੁਕੱਮਾਂ ਅਨੁਸਾਰ ਪ੍ਰੋ: ਮਲਕੀਤ ਸਿੰਘ ਨੂੰ ਕਾਲਜ਼ ਦੀ ਪੱਤਰਕਾ ਨੰ: ਕੇ.ਸੀ.ਜੀ. 668/19 ਮਿਤੀ 17-10-2019 ਰਾਹੀਂ ਕਾਲਜ ਵਿੱਚ ਉਪਲਬਧ ਸੈਲਰੀ ਰਜਿਸਟਰ ਸਾਲ 2005 ਤੋਂ ਸਾਲ 2018 ਤੱਕ ਦੀਆਂ ਸੈਲਰੀ ਰਜਿਸਟਰ ਦੀਆਂ ਤਸਦੀਕਸ਼ੁਦਾ ਕਾਪੀਆਂ (ਵਿਅਕਤੀਗਤ) ਦਿੱਤੀਆ ਜਾ ਚੁੱਕੀਆਂ ਹਨ। ਪਰ ਉਨ੍ਹਾਂ ਵਲੋਂ ਉਣਤਾਈਆਂ ਸਬੰਧੀ ਕੋਈ ਵੀ ਜਾਣਕਾਰੀ ਨਹੀਂ ਦਿੱਤੀ ਗਈ । ਜਿਸ ਤੋਂ ਇਹ ਸਿੱਧ ਹੁੰਦਾ ਹੈ ਕਿ ਪਹਿਲਾਂ ਦਿੱਤੀ ਗਈ ਜਾਣਕਾਰੀ ਬਿਲਕੁੱਲ ਦਰੁਸਤ ਹੈ। ਇਸ ਲਈ ਕੇਸ ਦਾਖਲ ਦਫਤਰ ਕਰਨ ਦੀ ਬੇਨਤੀ ਕੀਤੀ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ), ਵਲੋਂ ਹਾਜ਼ਰ ਸ੍ਰੀ ਹਰਿੰਦਰ ਸਿੰਘ ਬਰਾੜ ਦੁਆਰਾ ਪੇਸ਼ ਕੀਤੇ ਗਏ ਉੱਤਰ ਨਾਲ ਕਮਿਸ਼ਨ ਸੰਤੁਸ਼ਟ ਹੈ । ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 22 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਕੁਮਾਰ ਗੁਪਤਾ (88476-82014)
ਪੁੱਤਰ ਸ਼੍ਰੀ ਜੈ ਕਿਸ਼ਨ ਦਾਸ ਗੁਪਤਾ,
ਮਕਾਨ ਨੰ 158, ਪਿੰਡ ਤੋਗਾਂ, ਡਾਕਖਾਨਾ ਤੀਰਾ,
ਜ਼ਿਲ੍ਹਾ ਮੁਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ। --------ਉੱਤਰਦਾਤਾ

**ਅਪੀਲ ਕੇਸ ਨੰ:2110 /2019**

**ਹਾਜ਼ਰ:-**

1) ਸ਼੍ਰੀ ਰਾਜਿੰਦਰ ਕੁਮਾਰ ਗੁਪਤਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਪਿਛਲੀ ਮਿਤੀ ਤੇ ਇਸ ਕੇਸ ਵਿਚ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸਨੂੰ ਪ੍ਰਾਪਤ ਹੋਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਵਲੋਂ ਦਸੀਆਂ ਗਈਆਂ ਤਰੁੱਟੀਆਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 22-10 -2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਸੀ ਸਬੰਧੀ ਤਰੁੱਟੀਆਂ ਉੱਤਰਦਾਤਾ ਨੂੰ ਨੋਟ ਕਰਵਾ ਦਿੱਤੀਆਂ ਗਈਆਂ ਸਨ ਅਤੇ ਵਿਭਾਗ ਵਲੋਂ ਉਸਨੂੰ ਸਹੀ ਜਾਣਕਾਰੀ ਦੇ ਦਿੱਤੀ ਗਈ ਹੈ। ਇਸ ਲਈ ਕੇਸ ਦਾਖਲ ਦਫਤਰ ਕਰ ਦਿੱਤਾ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ।

4. ਅਪੀਲਕਰਤਾ ਵਲੋਂ ਦਸੇ ਅਨੁਸਾਰ ਕਿ ਉਸ ਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਸੀ ਸਬੰਧੀ ਤਰੁੱਟੀਆਂ ਉੱਤਰਦਾਤਾ ਨੂੰ ਨੋਟ ਕਰਵਾ ਦਿੱਤੀਆਂ ਗਈਆਂ ਸਨ ਅਤੇ ਵਿਭਾਗ ਵਲੋਂ ਉਸਨੂੰ ਸਹੀ ਜਾਣਕਾਰੀ ਦੇ ਦਿੱਤੀ ਗਈ ਹੈ। ਇਸ ਲਈ ਕੇਸ ਦਾਖਲ ਦਫਤਰ ਕਰ ਦਿੱਤਾ ਜਾਵੇ। ਇਸ ਲਈ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 22 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਕੀਮਤੀ ਲਾਲ ਕਸ਼ਿਅਪ (789757100)
ਪੁੱਤਰ ਸ੍ਰੀ ਕ੍ਰਿਸ਼ਨ ਲਾਲ ਕਸ਼ਿਅਪ,
ਵਾਸੀ ਟੀਚਰ ਕਲੋਨੀ , ਨਵਾਂਸ਼ਹਿਰ। --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜਿਲਾ ਇੰਡਸਟਰੀ ਸੈਂਟਰ, ਸ਼ਹੀਦ ਭਗਤ ਸਿੰਘ ਨਗਰ। ------ ਉੱਤਰਦਾਤਾ

**ਕੰਪਲੇਟ ਕੇਸ ਨੰ: 647 / 2019**

**ਹਾਜ਼ਰ:-**
1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਰਾਜ਼ਪਾਲ, ਕਲਰਕ (96468-18633) ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ।

**ਹੁੱਕਮ:**

ਪਿਛਲੀ ਸੁਣਵਾਈ, ਮਿਤੀ 25-09-2019 ਨੂੰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ੍ਰੀ ਆਸੂਜੀਤ ਸਿੰਘ, ਫੰਕਸ਼ਨਲ ਮੈਨੇਜਰ, ਜ਼ਿਲ੍ਹਾ ਇੰਡਸਟਰੀ ਸੈਂਟਰ, ਸ਼ਹੀਦ ਭਗਤ ਸਿੰਘ ਨਗਰ ਨੇ ਪੱਤਰ ਨੰ: 1022-23, ਮਿਤੀ 9-09-2019, ਪੇਸ਼ ਕੀਤਾ ਗਿਆ ਸੀ ਜਿਸ ਮੁਤਾਬਿਕ ਇਸ ਕੇਸ ਵਿਚ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਹੀ ਮੁੱਹਈਆ ਕਰਵਾਉਣੀ ਬਨਦੀ ਹੈ । ਇਸ ਲਈ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ, ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਇੰਡਸਟਰੀ ਸੈਂਟਰ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਦਿੱਤੀ ਗਈ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 22-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਈ.ਮੇਲ ਜਾਂ ਸੂਚਨਾ ਹੀ ਪ੍ਰਾਪਤ ਹੋਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਰਾਜ਼ਪਾਲ, ਕਲਰਕ ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਮੁਲਾਜ਼ਮਾਂ ਦੀ ਹੜਤਾਲ ਚਲ ਰਹੀ ਹੈ। ਇਸ ਲਈ ਬੇਨਤੀ ਕੀਤੀ ਗਈ ਕਿ ਇਸ ਕੇਸ ਵਿਚ ਅਗਲੀ ਮਿਤੀ ਦਿੱਤੀ ਜਾਵੇ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਵਲੋਂ ਪੇਸ਼ ਹੋਏ ਨੁਮਾਇੰਦੇ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਵਲੋਂ ਮੰਗੀ ਗਈ, ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਜਾਂਦਾ** ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 22 ਅਕਤੂਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ :**
**(ਰਜਿਸਟਰਡ):** ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦਵਿੰਦਰ ਕੁਮਾਰ,
ਪੁੱਤਰ ਸ਼੍ਰੀ ਬਨਾਰਸੀ ਲਾਲ,
ਮਕਾਨ ਨੰ: 2728 ਗਲੀ ਨੰ:19,
ਡੈਮ ਗੰਜ, ਅੰਮ੍ਰਿਤਸਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਖਾਲਸਾ ਕਾਲਿਜ ਗੜ੍ਹਦੀਵਾਲਾ,
ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਖਾਲਸਾ ਕਾਲਿਜ ਗੜ੍ਹਦੀਵਾਲਾ,
ਜ਼ਿਲ੍ਹਾ ਹੁਸ਼ਿਆਰਪੁਰ। ---------ਉੱਤਰਦਾਤਾ

**ਅਪੀਲ ਕੇਸ ਨੰ: 2951 /2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ), ਵੱਲੋਂ ਸ਼੍ਰੀ ਹਰਿੰਦਰ ਸਿੰਘ ਬਰਾੜ, ਐਲ.ਏ. (98147-27303)

**ਹੁੱਕਮ:**

ਪਿਛਲੀ ਪੇਸ਼ੀ ਮਿਤੀ 30-09-2019 ਨੂੰ ਅਪੀਲਕਰਤਾ ਹਾਜ਼ਰ ਨਹੀਂ ਸੀ ਹੋਇਆ ਅਤੇ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ । ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਵੀ ਕੋਈ ਹਾਜ਼ਰ ਨਹੀਂ ਸੀ ਹੋਇਆ ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਮੁੱਹਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ । ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 22-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲ ਕਰਤਾ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ ਰਾਹੀਂ ਬੇਨਤੀ ਕੀਤੀ ਗਈ ਹੈ ਕਿ ਉਸਦੀ ਡਿਊਟੀ ਕਾਲਜ ਵਿਖੇ ਹੋਣ ਜਾ ਰਹੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮ ਵਿੱਚ 22 ਤੋਂ 25 ਅਕਤੂਬਰ ਤੱਕ ਹੋਣ ਕਰਕੇ ਉਹ ਹਾਜ਼ਰ ਨਹੀਂ ਹੋ ਸਕਦਾ ਛੋਟ ਦਿੱਤੀ ਜਾਵੇ ਅਤੇ ਅਗਲੀ ਤਾਰੀਖ ਪਾਈ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ), ਵੱਲੋਂ ਸ਼੍ਰੀ ਹਰਿੰਦਰ ਸਿੰਘ ਬਰਾੜ, ਐਲ.ਏ. ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਉੱਤਰਦਾਤਾ ਦਾ ਪੱਤਰ ਨੰ: ਕੇ.ਸੀ.ਜੀ.-674/19 ਮਿਤੀ 21-10-2019 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਅਨੁਸਾਰ ਦਸਿਆ ਗਿਆ ਕਿ ਕਮਿਸ਼ਨ ਦੇ ਉਕਤ ਹੁਕੱਮਾਂ ਅਨੁਸਾਰ ਡਾ: ਦਵਿੰਦਰ ਕੁਮਾਰ ਨੂੰ ਕਾਲਜ਼ ਦੀ ਪੱਤਰਕਾ ਨੰ: ਕੇ.ਸੀ.ਜੀ. 669/19 ਮਿਤੀ 17-10-2019 ਰਾਹੀਂ ਕਾਲਜ ਵਿੱਚ ਉਪਲਬਧ ਸੈਲਰੀ ਰਜਿਸਟਰ ਸਾਲ 2005 ਤੋਂ ਸਾਲ 2018 ਤੱਕ ਦੀਆਂ ਸੈਲਰੀ ਰਜਿਸਟਰ ਦੀਆਂ ਤਸਦੀਕਸ਼ੁਦਾ ਕਾਪੀਆਂ (ਵਿਅਕਤੀਗਤ) ਦਿੱਤੀਆ ਜਾ ਚੁੱਕੀਆਂ ਹਨ। ਇਸ ਲਈ ਕੇਸ ਦਾਖਲ ਦਫਤਰ ਕਰਨ ਦੀ ਬੇਨਤੀ ਕੀਤੀ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ), ਵਲੋਂ ਹਾਜ਼ਰ ਸ੍ਰੀ ਹਰਿੰਦਰ ਸਿੰਘ ਬਰਾੜ ਦੁਆਰਾ ਪੇਸ਼ ਕੀਤੇ ਗਏ ਉੱਤਰ ਨਾਲ ਕਮਿਸ਼ਨ ਸੰਤੁਸ਼ਟ ਹੈ । ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 22 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਸ਼ੋਕ ਕੁਮਾਰ ਗੁਪਤਾ (9815840100)
ਪੁੱਤਰ ਸ਼੍ਰੀ ਸੁਧ ਪ੍ਰਕਾਸ਼,ਗਾਂਧੀ ਚੌਕ, ਮੰਡੀ ਅਹਿਮਦਗੜ੍ਹ,
ਜ਼ਿਲ੍ਹਾ ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,ਮੰਡੀ ਅਹਿਮਦਗੜ੍ਹ।
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ,ਮਿੰਨੀ ਸਕੱਤਰੇਤ,
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 2921 /2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਇੰਦਰਜੀਤ ਗੋਇਲ (84274-15000) ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-02-2019, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਮੰਡੀ ਅਹਿਮਦਗੜ੍ਹ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-2015 ਤੋਂ ਮਿਤੀ-ਅੰਤ ਤੱਕ ਨਗਰ ਕੌਂਸਿਲ ਦੀ ਜ਼ਮੀਨ, ਗਲੀਆਂ ਆਦਿ ਤੇ ਗੈਰਕਾਨੂੰਨੀ ਕਬਜ਼ਿਆਂ ਅਤੇ ਅਣਪ੍ਰਵਾਨਿਤ ਉਸਾਰੀਆਂ ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਪਿਛਲੀ ਮਿਤੀ 30-09-2019 ਨੂੰ ਪੇਸ਼ੀ ਸਮੇਂ ਹਾਜ਼ਰ, ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਕੋਈ ਵੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਪੇਸ਼ੀ ਤੇ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਟੈਲੀਫੂਨ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਕਿ ਇਸ ਕੇਸ ਨਾਲ ਸਬੰਧਤ ਡੀਲਿੰਗ ਕਰਮਚਾਰੀ ਦੇ ਕਿਸੇ ਨਜ਼ਦੀਕੀ ਰਿਸ਼ਤੇਦਾਰ ਦੀ ਮ੍ਰਿਤੂ ਹੋ ਜਾਣ ਕਾਰਨ ਉਹ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦੇ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ_ਅਗਲੀ ਸੁਣਵਾਈ ਮਿਤੀ 22-10-2019 ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਈ.ਮੇਲ. ਰਾਹੀਂ ਦਸਿਆ ਗਿਆ ਕਿ ਉਹ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ। ਸੂਚਨਾ ਲੇਟ ਹੋਣ ਕਾਰਨ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਵੇ ਕਿ ਮੰਗੀ ਗਈ ਸੂਚਨਾ ਬਿਨ੍ਹਾਂ ਫੀਸ ਮੁਹੱਈਆ ਕਰਵਾਈ ਜਾਵੇ ਅਤੇ ਜੁਰਮਾਨਾ ਪਾਇਆ ਜਾਵੇ। ਇਸ ਦੇ ਨਾਲ ਹੀ ਅਗਲੀ ਮਿਤੀ ਦੀ ਮੰਗ ਕੀਤੀ ਗਈ ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਇੰਦਰਜੀਤ ਗੋਇਲ ਕਲਰਕ ਹਾਜ਼ਰ ਹੋਇਆ। ਉਸ ਵਲੋ਼ ਲੋਕ ਸੂਚਨਾ ਅਧਿਕਾਰੀ,ਦਫਤਰ ਕਾਰਜ ਸਾਧਕ ਅਫਸਰ,ਮੰਡੀ ਅਹਿਮਦਗੜ੍ਹ ਦਾ ਪੱਤਰ ਨੰ: 521 ਮਿਤੀ 25-02-2019 ਜੋ ਕਿ ਅਪੀਲਕਰਤਾ ਨੂੰ ਸੰਬੋਧਤ ਹੈ ਪੇਸ਼ ਕੀਤਾ ਗਿਆ ਅਤੇ ਦਸਿਆ ਗਿਆ ਪ੍ਰਾਰਥੀ ਨੂੰ ਉਸਦੀ ਅਰਜੀ ਮਿਤੀ 15-02-2019 ਦੇ ਸਬੰਧ ਵਿਚ ਮਿਥੇ ਸਮੇ ਅੰਦਰ ਅੰਦਰ ਮਿਤੀ 25-02-2019 ਨੂੰ ਪੈਸੇ ਜਮ੍ਹਾਂ ਕਰਾਉਣ ਲਈ ਲਿਖਿਆ ਗਿਆ ਸੀ ਜੋ ਉਸ ਨੇ ਅੱਜੇ ਤੱਕ ਜਮ੍ਹਾਂ ਨਹੀਂ ਕਰਵਾਏ ਜਦੋਂ ਵੀ ਪੈਸੇ ਜ਼ਮ੍ਹਾਂ ਕਰਵਾਏਗਾ ਸੂਚਨਾ ਭੇਜ ਦਿੱਤੀ ਜਾਵੇਗੀ।

4. ਅਪੀਲਕਰਤਾ ਹਾਜ਼ਰ ਨਹੀਂ ਹੋਇਆ ਉਸ ਵਲੋਂ ਈ.ਮੇਲ ਰਾਹੀਂ ਕੀਤੀ ਗਈ ਬੇਨਤੀ ਅਤੇ ਉੱਤਰਦਾਤਾ ਦੇ ਨੁਮਾਇੰਦੇ ਵਲੋਂ ਪੇਸ਼ ਕੀਤਾ ਗਿਆ ਪੱਤਰ ਮਿਤੀ 25-02-2019 ਨੂੰ ਘੋਖਣ ਤੇ ਪਾਇਆ ਗਿਆ ਕਿ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਸਮੇ ਸਿਰ ਪੈਸੇ ਜਮ੍ਹਾਂ ਕਰਾਉਣ ਲਈ ਲਿੱਖ ਦਿੱਤਾ ਗਿਆ ਸੀ। ਇਸ ਲਈ ਉੱਤਰਦਾਤਾ ਨੂੰ ਲਿਖਿਆ ਜਾਂਦਾ ਹੈ ਕਿ ਜਦੋਂ ਵੀ ਅਪੀਲਕਰਤਾ ਪੈਸੇ ਜਮ੍ਹਾਂ ਕਰਾਉਂਦਾ ਹੈ ਉਸਨੂੰ ਮੰਗੀ ਗਈ ਸੂਚਨਾ ਦੇ ਦਿੱਤੀ ਜਾਵੇ। ਇਸ ਹਦਾਇਤ ਨਾਲ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 22 **ਅਕਤੂਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**